# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 15-10-2024**

ਪੰਜਾਬ ਵਿੱਚ ਪੰਚਾਇਤੀ ਚੋਣਾਂ ਲਈ ਵੋਟਾਂ ਅੱਜ ਸਵੇਰੇ 8 ਵਜੇ ਤੋਂ ਸ਼ੁਰੂ ਹੋ ਗਈਆਂ ਨੇ। ਕਈ ਥਾਂਈਂ ਵੋਟਰਾਂ ਦੀਆਂ ਲੰਬੀਆਂ ਕਤਾਰਾਂ ਲੱਗੀਆਂ ਹੋਈਆਂ ਵੇਖੀਆਂ ਗਈਆਂ । ਪੰਜਾਬ ਭਰ 'ਚ ਇਕ ਕਰੋੜ 33 ਲੱਖ ਵੋਟਰ ਆਪਣੀ ਵੋਟ ਪਾਉਣ ਦੇ ਯੋਗ ਨੇ । ਸੂਬੇ ਵਿੱਚ ਕੁੱਲ 13 ਹਜ਼ਾਰ 937 ਗ੍ਰਾਮ ਪੰਚਾਇਤਾਂ ਨੇ ਤੇ ਚੋਣਾਂ ਬੈਲੇਟ ਪੇਪਰ ਰਾਹੀਂ ਕਰਵਾਈਆਂ ਜਾ ਰਹੀਆਂ ਨੇ। ਇਨ੍ਹਾਂ ਚੋਣਾਂ ਵਿੱਚ ਈ. ਵੀ. ਐਮ. ਦੀ ਵਰਤੋਂ ਨਹੀਂ ਕੀਤੀ ਜਾਵੇਗੀ। ਇਸ ਦੇ ਨਾਲ ਹੀ ਬੈਲੇਟ ਪੇਪਰ 'ਤੇ ਨੋਟਾ ਦਾ ਬਦਲ ਹੋਵੇਗਾ । ਚੋਣ ਡਿਊਟੀ ਲਈ 96 ਹਜ਼ਾਰ ਮੁਲਾਜ਼ਮ ਤਾਇਨਾਤ ਕੀਤੇ ਗਏ ਨੇ। ਚੋਣਾਂ ਲਈ ਪੁਲਿਸ ਤੇ ਪ੍ਰਸ਼ਾਸਨ ਵੱਲੋਂ ਪੁਖ਼ਤਾ

ਪ੍ਰਬੰਧ ਕੀਤੇ ਗਏ ਨੇ । ਸ਼ਾਮ 4 ਵਜੇ ਤੱਕ ਵੋਟਿੰਗ ਜਾਰੀ ਰਹੇਗੀ । ਇਸ ਤੋਂ ਬਾਅਦ ਵੋਟਾਂ ਦੀ ਗਿਣਤੀ ਹੋਵੇਗੀ ।ਤਰਨ ਤਾਰਨ ਦੇ ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਵਿਚ ਵੋਟਿੰਗ ਲਈ ਪੋਲਿੰਗ ਸਟਾਫ਼ ਤੇ ਸੁਰੱਖਿਆ ਆਦਿ ਦੇ ਢੁਕਵੇਂ ਪ੍ਰਬੰਧ ਕੀਤੇ ਗਏ ਨੇ । ਤਰਨ ਤਾਰਨ ਦੇ ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਨੇ ਦੱਸਿਆ ਜ਼ਿਲ੍ਹੇ ਵਿੱਚ ਕੁੱਲ 573 ਪੰਚਾਇਤਾਂ ਨੇ , ਜਿੰਨ੍ਹਾਂ ਵਿੱਚੋਂ 345 ਪੰਚਾਇਤਾਂ ਵਿੱਚ ਸਰਬਸੰਮਤੀ ਹੋਈ ਏ । ਚੋਣਾਂ ਨੂੰ ਨਿਰਵਿਘਨ ਢੰਗ ਨਾਲ ਨੇਪਰੇ ਚਾੜਨ ਲਈ 3700 ਦੇ ਕਰੀਬ ਚੋਣ ਅਮਲਾ ਤਾਇਨਾਤ ਕੀਤਾ ਗਿਆ ਏ ।ਉਧਰ ਬਰਨਾਲਾ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਭਰ ਵਿੱਚ ਕੁੱਲ 105 ਪੋਲਿੰਗ ਸਟੇਸ਼ਨਾਂ ਨੂੰ ਸੰਵੇਦਨਸ਼ੀਲ ਅਤੇ ਅਤਿ ਸੰਵੇਦਨਸ਼ੀਲ ਐਲਾਨਿਆ ਗਿਆ ਏ ਜਿੱਥੇ ਪੁਲਿਸ ਅਤੇ ਸਿਵਿਲ ਪ੍ਰਸ਼ਾਸਨ ਦੇ ਉੱਚੇਚੇ ਪ੍ਰਬੰਧ ਕੀਤੇ ਗਏ ਨੇ । ਨਾਲ

ਹੀ ਸੰਵੇਦਨਸ਼ੀਲ ਅਤੇ ਅਤਿ ਸੰਵੇਦਨਸ਼ੀਲ ਪੋਲਿੰਗ ਸਟੇਸ਼ਨਾਂ ਉੱਤੇ ਨਿਰੰਤਰ ਵੀਡੀਓਗ੍ਰਾਫੀ ਕੀਤੀ ਜਾਵੇਗੀ ਵੋਟਰਾਂ ‘ਚ ਵੀ ਆਪਣੇ ਪੰਚਾਇਤੀ ਨੁਮਾਇੰਦੇ ਚੁਣਨ ਲਈ ਉਤਸ਼ਾਹ ਦੇਖਿਆ ਜਾ ਰਿਹਾ ਏ. ਕਈ ਵੋਟ ਕੇਂਦਰਾਂ ਕੇਂਦਰਾਂ ‘ਤੇ ਵੋਟਰਾਂ ਦੀਆਂ ਲੰਮੀਆਂ ਕਤਾਰਾਂ ਨੇ. ਕੁਝ ਵੋਟਰਾਂ ਨੇ ਸਾਡੇ ਪੱਤਰਕਾਰ ਨਾਲ ਗੱਲ ਕਰਦਿਆਂ ਕਿਹਾ –BYTE - ਮੋਹਾਲੀ ਦੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਚੋਣ ਅਮਲ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲੇ ‘ਚ ਵੋਟਾਂ ਅਮਨੋ – ਅਮਾਨ ਨਾਲ ਪੈ ਰਹੀਆਂ ਨੇ ਅਤੇ ਜ਼ਿਲਾ ਪ੍ਰਸ਼ਾਸਨ ਪੂਰੀ ਸਥਿਤੀ ‘ਤੇ ਨਜ਼ਰ ਰਖ ਰਿਹਾ ਏ – BYTE

---------------------------------------------------------------

ਫਤਿਹਗੜ੍ਹ ਸਾਹਿਬ ਵਿਖੇ ਵੀ ਪੰਚਾਇਤੀ ਚੋਣਾਂ ਦੀ ਪ੍ਰਕਿਰਿਆ ਅਮਨੋ-ਅਮਾਨ ਨਾਲ ਜਾਰੀ ਏ ਅਤੇ ਕਿਸੇਪਾਸਿਓਂ ਵੀ ਅਜੇ ਤਕ ਕਿਸੇ

ਅਨਸੁਖਾਵੀ ਘਟਨਾ ਦੀ ਕੋਈ ਖਬਰ ਨਹੀਂ ਏ. ਪੁਲਿਸ ਪ੍ਰਸ਼ਾਸਨ ਵੱਲੋਂ ਵੀ ਜ਼ਿਲ੍ਹੇ ਦੇ ਪਿੰਡਾਂ ਵਿੱਚ ਸੰਵੇਦਨਸ਼ੀਲ ਵੋਟ ਕੇਂਦਰਾਂ ਦਾ ਦੌਰਾ ਕੀਤਾ ਜਾ ਰਿਹਾ ਏ ਜਿਸ ਨੂੰ ਲੈ ਕੇ ਫਤਿਹਗੜ੍ਹ ਸਾਹਿਬ ਦੇ ਐਸਪੀਡੀ, ਰਾਕੇਸ਼ ਯਾਦਵ ਨੇ ਦੱਸਿਆ ਕਿ ਜ਼ਿਲੇ ਭਰ ਵਿੱਚ ਪੰਚਾਇਤੀ ਚੋਣਾਂ ਦੀ ਵੋਟ ਪ੍ਰਕਿਰਿਆ ਸਬੰਧੀ ਪ੍ਰਸ਼ਾਸਨ ਪੂਰੀ ਤਰ੍ਹਾਂ ਚੌਕਸ ਏ ਅਤੇ ਵੱਖ ਵਖ ਪਿੰਡਾਂ ਦਾ ਦੌਰਾ ਕੀਤਾ ਜਾ ਰਿਹਾ ਏ ਤਾਂ ਜੋ ਵੋਟਾਂ ਪੈਣ ਦਾ ਅਮਲ ਸ਼ਾਂਤੀ ਨਾਲ ਪੂਰਾ ਏ .

-----------------------------------------------------

ਪੰਜਾਬ ਯੂਨੀਵਰਸਿਟੀ (ਪੀਯੂ) ਨੇ ਅੱਜ ਆਪਣੇ 142 ਸਾਲ ਪੂਰੇ ਹੋਣ 'ਤੇ ਆਪਣਾ ਸਥਾਪਨਾ ਦਿਵਸ ਮਨਾਇਆ। ਸਥਾਪਨਾ ਦਿਵਸ 'ਤੇ ਸਾਰਿਆਂ ਨੂੰ ਵਧਾਈ ਦਿੰਦੇ ਹੋਏ ਪੀ.ਯੂ. ਦੇਵਾਈਸ ਚਾਂਸਲਰ ਪ੍ਰੋ. ਰੇਣੂ ਵਿਗ ਨੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਦੇਸ਼ ਲਈ ਵੱਡੇ ਯੋਗਦਾਨ ਲਈ

ਪ੍ਰੇਰਿਤ ਕੀਤਾ। ਉਨ੍ਹਾਂ ਪੀ.ਯੂ. ਦੇ ਮਹਾਨ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਇਹ ਯੂਨੀਵਰਸਿਟੀ ਦੇਸ਼ ਦੀਆਂ ਸਭ ਤੋਂ ਪੁਰਾਣੀਆਂ ਯੂਨੀਵਰਸਿਟੀਆਂ ਵਿੱਚੋਂ ਇੱਕ ਏ। ਉਨ੍ਹਾਂ ਵਿਗਿਆਨ ਅਤੇ ਤਕਨਾਲੋਜੀ , ਮਨੁੱਖਤਾ, ਸਮਾਜਿਕ ਵਿਗਿਆਨ ਅਤੇ ਖੇਡਾਂ ਆਦਿ ਵਿੱਚ ਅਧਿਆਪਨ ਅਤੇ ਖੋਜ ਵਿੱਚ ਉੱਤਮਤਾ ਨੂੰ ਅੱਗੇ ਵਧਾਉਣ ਦੀ ਪੀਯੂ ਦੀ ਸ਼ਾਨਦਾਰ ਰ ਵਾਇਤ ’ਤੇ ਵੀ ਚਾਨਣਾ ਪਾਇਆ। ਪ੍ਰੋ. ਰੁਮੀਨਾ ਸੇਠੀ ਤੋਂ ਇਲਾਵਾ ਰਜਿਸਟਰਾਰ ਪ੍ਰੋ. ਵਾਈ.ਪੀ. ਵਰਮਾ, ਡਾ. ਪਰਵੀਨ ਗੋਇਲ, ਪ੍ਰੋਗਰਾਮ ਕੋਆਰਡੀਨੇਟਰ, ਐਨ.ਐਸ.ਐਸ. ਦੀ ਅਗਵਾਈ ਹੇਠ ਕਰਵਾਏ ਗਏ ਇ ਸ ਸਮਾਗਮ ਵਿੱਚ ਯੂਨੀਵਰਸਿਟੀ ਦੇ ਅਧਿਕਾਰੀਆਂ, ਅਧਿਆਪਕਾਂ, ਸਟਾ ਫ਼ ਮੈਂਬਰਾਂ , ਰਿਸਰਚ ਸਕਾਲਰਾਂ ਅਤੇ ਵਿਦਿਆਰਥੀਆਂ ਨੇ ਸ਼ਮੂਲੀਅਤ ਕੀਤੀ।ਪੀਯੂ ਵਿਦਿਆਰਥੀ ਕੌਂਸਲ ਦੇ ਪ੍ਰਧਾਨ ਅਨੁਰਾਗ ਦਲਾਲ ਨੇ ਵਾ ਈਸ ਚਾਂਸਲਰ ਪ੍ਰੋ. ਵਿਗ ਦਾ ਸਵਾਗਤ ਕੀਤਾ।

------------------------------------------------------------

ਪੰਜਾਬ ਸਰਕਾਰ ਵੱਲੋਂ ਆਉਂਦੇ ਤਿਉਹਾਰਾਂ ਦੌਰਾਨ ਦੀਵਾਲੀ, ਗੁਰਪੁਰਬ, ਕ੍ਰਿਸਮਸ ਅਤੇ ਨਵੇਂ ਸਾਲ ਮੌਕੇ ਸੂਬੇ ਵਿੱਚ ਪਟਾਕਿਆਂ ਦੀ ਵਿਕਰੀ ਅਤੇ ਵਰਤੋਂ ਸਬੰਧੀ ਵਿਆਪਕ ਹਦਾਇਤਾਂ ਜਾਰੀ ਕੀਤੀਆਂ ਗਈਆਂ ਨੇ। ਸੂਬਾ ਸਰਕਾਰ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਤਿਉਹਾਰਾਂ ਵਿੱਚ ਆਮ ਤੌਰ 'ਤੇ ਪਟਾਕਿਆਂ ਦੀ ਵਰਤੋਂ ਕੀਤੀ ਜਾਂਦੀ ਹੈ, ਜਿਸ ਨਾਲ ਬਜ਼ੁਰਗਾਂ ਸਮੇਤ ਸਾਹ ਦੀ ਬੀਮਾਰੀ ਨਾਲ ਪੀੜਤ ਮਰੀਜ਼ਾਂ ਦੀ ਸਿਹਤ ' ਤੇ ਮਾੜਾ ਪ੍ਰਭਾਵ ਪੈ ਸਕਦਾ ਏ। ਬੁਲਾਰੇ ਨੇ ਸੁਪਰੀਮ ਕੋਰਟ ਅਤੇ ਨੈਸ਼ਨ ਲ ਗ੍ਰੀਨ ਟ੍ਰਿਬਿਊਨਲ ਦੇ ਹੁਕਮਾਂ ਦਾ ਹਵਾਲਾ ਵੀ ਦਿੱਤਾ, ਜੋ ਪਟਾਕਿਆਂ ਦੀ ਵਰਤੋਂ ਬਾਰੇ ਸੂਬਾ ਸਰਕਾਰ ਵੱਲੋਂ ਪਾਲਣਾ ਕਰਨਾ ਯਕੀਨੀ ਬਣਾਉਣ ਲਈ ਸਮੇਂ-ਸਮੇਂ 'ਤੇ ਜਾਰੀ ਕੀਤੇ ਜਾਂਦੇ ਨੇ। ਇਨ੍ਹਾਂ ਹੁਕਮਾਂ ਦੇ ਅਨੁਸਾਰ, ਚੁਗਿਰਦੇ ਦੀ ਸੁਰੱਖਿਆ ਬਾਰੇ ਕਾਨੂੰਨ , 1986 ਦੀ ਧਾਰਾ 5

ਅਧੀਨ ਕੇਂਦਰ

ਸਰਕਾਰ ਦੁਆਰਾ ਸੌਂਪੀਆਂ ਗਈਆਂ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ , ਪੰਜਾਬ ਸਰਕਾਰ ਸੂਬੇ ਭਰ ਵਿੱਚ ਪਟਾਕਿਆਂ ਦੀ ਵਿਕਰੀ ਅਤੇ ਵਰਤੋਂ ਸ ਬੰਧੀ ਮਨਾਹੀ, ਪਾਬੰਦੀਆਂ ਅਤੇ ਨੇਮਾਂ ਨੂੰ ਲਾਗੂ ਕਰਦੀ ਏ ਉਨ੍ਹਾਂ ਕਿਹਾ ਕਿ ਪਟਾਕਿਆਂ ਦੀ ਲੜੀ ਦੇ ਨਿਰਮਾਣ , ਭੰਡਾਰਨ, ਵੰਡ , ਵਿਕਰੀ ਅਤੇ ਵਰਤੋਂ 'ਤੇ ਰਾਜ ਵਿਆਪੀ ਪਾਬੰਦੀ ਲਾਈ ਗਈ ਏ । ਸਿਰਫ਼ ‘ਹਰੇ ਪਟਾਕੇ ਭਾਵ ਚੁਗਿਰਦੇ ਪੱਖੀ ਪਟਾਕੇ , ਜਿਹਨਾਂ ਵਿੱਚ ਬੇਰੀਅਮ ਸਾਲਟਸ ਜਾਂ ਐਂਟੀਮੋਨੀ, ਲਿਥੀਅਮ, ਪਾਰਾ, ਆਰਸੈਨਿਕ, ਲੀਡ ਜਾਂ ਸ ਟ੍ਰੌਂਟੀਅਮ ਕ੍ਰੋਮੇਟ ਦੇ ਮਿਸ਼ਰਣਾਂ ਦੀ ਵਰਤੋਂ ਨਹੀਂ ਕੀਤੀ ਜਾਂਦੀ , ਦੀ

ਵਿਕਰੀ ਅਤੇ ਵਰਤੋਂ ਲਈ ਆਗਿਆ ਦਿੱਤੀ ਗਈ ਏ । ਵਿਕਰੀ ਸਿਰਫ਼ ਮ ਨਜ਼ੂਰਸ਼ੁਦਾ ਪਟਾਕਿਆਂ ਦਾ ਵਪਾਰ ਕਰਨ ਵਾਲੇ ਲਾਇਸੰਸਸ਼ੁਦਾ ਵਪਾਰੀ ਆਂ ਤੱਕ ਸੀਮਤ ਏ ਅਤੇ ਮਨਜ਼ੂਰਸ਼ੁਦਾ ਡੈਸੀਬਲ ਪੱਧਰ ਤੋਂ ਵੱਧ ਸਮਰੱ

ਥਾ ਵਾਲੇ ਪਟਾਕਿਆਂ ਨੂੰ ਸਟੋਰ ਕਰਨ, ਉਨ੍ਹਾਂ ਦਾ ਵਿਖਾਵਾ ਕਰਨ ਜਾਂ ਵੇਚਣ ਦੀ ਮਨਾਹੀ ਏ ।ਬੁਲਾਰੇ ਨੇ ਕਿਹਾ ਕਿ ਈ-ਕਾਮਰਸ ਪਲੈਟਫਾਰਮਾਂ 'ਤੇ ਪੰਜਾਬ ਰਾਜ ਦੇ ਅੰਦਰ ਆਨਲਾਈਨ ਆਰਡਰ ਲੈਣ ਜਾਂ ਵਿਕਰੀ ਕਰਨ ‘ਤੇ ਸਖ਼ਤ ਮਨਾਹੀ ਕੀਤੀ ਗਈ ਏ ।

---------------------------------------------------

ਪੰਜਾਬ ਸਰਕਾਰ ਵੱਲੋਂ ਭਾਸ਼ਾ ਵਿਭਾਗ ਰਾਹੀਂ ਹਰ ਸਾਲ ਪੰਜਾਬੀ , ਹਿੰਦੀ ਅਤੇ ਉਰਦੂ ਦੀਆਂ ਪੁਸਤਕਾਂ ਨੂੰ ਪ੍ਰਦਾਨ ਕੀਤੇ ਜਾਣ ਵਾਲੇ ਸਰਬੋਤਮ ਸਾਹਿਤਕ ਪੁਸਤਕ ਪੁਰਸਕਾਰ ਤਹਿਤ ਵਿਭਾਗ ਵੱਲੋਂ ਸਾਲ 2022 ਦੇ ਵੱਖ ਵੱਖ ਵੰਨਗੀਆਂ ਨਾਲ ਸਬੰਧਤ 10 ਸਰਵੋਤਮ ਸਾਹਿਤਕ ਪੁਸਤਕ ਪੁਰਸਕਾਰਾਂ ਦਾ ਐਲਾਨ ਕਰ ਦਿੱਤਾ ਗਿਆ ਏ। ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਨੇ ਦੱਸਿਆ ਕਿ ਇਹ ਪੁਰਸਕਾਰ ਨਵੰਬਰ 2024 ਦੇ ਪਹਿਲੇ ਹਫ਼ਤੇ ਪੰਜਾਬੀ ਮਹੀਨੇ ਦੇ ਰਾਜ ਪੱਧਰੀ ਉਦਘਾਟਨੀ ਸ

ਮਾਗਮ ਦੌਰਾਨ ਪਟਿਆਲਾ ਵਿਚ ਭਾਸ਼ਾ ਭਵਨ ਵਿਖੇ ਪ੍ਰਦਾਨ ਕੀਤੇ ਜਾਣਗੇ , ਇਸ ਪੁਰਸਕਾਰ ’ਚ ਨਕਦ ਇਨਾਮ ਦੇ ਨਾਲ-ਨਾਲ ਇਕ ਪਲੇਕ ਅਤੇ ਸ਼ਾਲ ਭੇਂਟ ਕੀਤੀ ਜਾਵੇਗੀ। ਇਨ੍ਹਾਂ ਪੁਰਸਕਾਰਾਂ ਲਈ ਵੱਖ-ਵੱਖ ਵੰਨਗੀਆਂ ਦੀਆਂ 210 ਪੁਸਤਕਾਂ ਪ੍ਰਾਪਤ ਹੋਈਆਂ ਸਨ ।

-----------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਜ਼ਿਲ੍ਹਾ ਵਾਸੀਆਂ ਨੂੰ ਕਰ ਵਿਭਾਗ ਵੱਲੋਂ 'ਮੇਰਾ ਬਿੱਲ' ਐਪ ਰਾਹੀਂ ਚਲਾਈ ਜਾ ਰਹੀ 'ਬਿੱਲ ਲਿਆਓ, ਇਨਾਮ ਪਾਓ' ਸਕੀਮ ਦਾ ਲਾਭ ਉਠਾਉਣ ਦਾ ਸੱਦਾ ਦਿੱਤਾ ਏ। ਇਸ ਸਕੀਮ ਤਹਿਤ ਹਰ ਮਹੀਨੇ 29 ਲੱਖ ਰੁਪਏ ਤੱਕ ਦੇ 290 ਇਨਾਮ ਜਿੱਤੇ ਜਾ ਸਕਦੇ ਨੇ । ਉਨ੍ਹਾਂ ਦੱਸਿਆ ਕਿ ਪੈਟਰੋਲ , ਡੀਜ਼ਲ, ਕੱਚਾ ਤੇਲ , ਹਵਾਬਾਜ਼ੀ, ਟਰਬਾਈਨ ਤੇਲ ਅਤੇ ਸ਼ਰਾਬ ਦੇ ਵਿਕਰੀ ਬਿੱਲਾਂ ਨੂੰ ਇਸ ਮੇਰਾ ਬਿੱਲ ਐਪ ’ਤੇ ਅਪਲੋਡ ਨਹੀਂ

ਕੀਤਾ ਜਾ ਸਕੇਗਾ ਜਦਕਿ ਖਪਤਕਾਰ ਹੋਰ ਕਿਸੇ ਵੀ ਵਸਤੂ ਦੇ 200 ਰੁਪਏ ਕੀਮਤ ਤੋਂ ਵੱਧ ਦੇ ਬਿੱਲਾਂ ਨੂੰ ਅਪਲੋਡ ਕਰ ਸਕਣਗੇ । ਉਨ੍ਹਾਂ ਦਸਿਆ ਕਿ ਹਰ ਮਹੀਨੇ ਸੂਬਾ ਪੱਧਰ ‘’ਤੇ 290 ਇਨਾਮ ਕੱਢੇ ਜਾਣਗੇ ਅਤੇ ਹਰ ਜ਼ਿਲ੍ਹੇ ਵਿਚ 10 ਇਨਾਮ ਦਿੱਤੇ ਜਾਣਗੇ । ਖਪਤਕਾਰ, ਰਿਟੇਲ ਬਿੱਲ ਦੇ ਵੇਰਵੇ 'ਮੇਰਾ ਬਿੱਲ' ਐਪ 'ਤੇ ਅੱਪਲੋਡ ਕਰਨ ਸਮੇਂ ਡੀਲਰ ਦਾ ਜੀ. ਐਸ. ਟੀ. ਆਈ. ਐਨ., ਡੀਲਰ ਦਾ ਪਤਾ, ਬਿੱਲ ਨੰਬਰ ਤੇ ਬਿੱਲ ਰਕਮ ਜਮਾਂ ਕਰੇਗਾ ਤੇ ਬਿੱਲ ਨੂੰ ਮਹੀਨੇ ਦੀ ਆਖਰੀ ਤਰੀਕ ਤੋਂ ਪਹਿਲਾਂ ਅਪਲੋਡ ਕਰਨਾ ਜ਼ਰੂਰੀ ਏ , ਜਿਸ ਮਹੀਨੇ ਵਿਚ ਖਰੀਦ ਕੀਤੀ ਗਈ ਏ । ਇਕ ਵਿਅਕਤੀ, ਮਹੀਨੇ ਦੌਰਾਨ ਸਿਰਫ਼ ਇਕ ਇਨਾਮ ਲਈ ਹੀ ਯੋਗ ਹੋਵੇਗਾ ।